◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

NEED24 NEWS
हर ख़बर, हर शहर

ਨੀਡ 24 ਨਿਊਜ਼

ਹਰ ਖ਼ਬਰ, ਹਰ ਸ਼ਹਿਰ

◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

DIGITAL E-PAPER

PRGI APPLICATION UNDER PROCESS
Application No. T/GJ/2026/0619/2304/1577

GST
GSTIN 24CINPG0564Q1ZT

UDYAM REGISTERED
UDYAM-GJ-14-0003714

◆ DIGITAL NEWS NETWORK ◆
ਭਾਰਤ ਦਾ ਭਰੋਸੇਮੰਦ ਬਹੁਭਾਸ਼ੀ ਡਿਜੀਟਲ ਨਿਊਜ਼ ਨੈੱਟਵਰਕ
11+ Languages | 24×7 Live | e-Paper Daily

ਸਾਡੀ App ਡਾਊਨਲੋਡ ਕਰੋ
Download on the App Store
GET IT ON Google Play

www.need24.digital
info@need24.in
+91 98700 06472
FOLLOW US:

तेज़ | सटीक | निष्पक्ष | जनहित में | सच की आवाज़ | जन-जन की आवाज़ | निडर पत्रकारिता

PUNJAB | ਨੀਡ 24 ਨਿਊਜ਼ · ਹਰ ਖ਼ਬਰ, ਹਰ ਸ਼ਹਿਰ | 22 November 2026

POLITICS

ਅੰਮ੍ਰਿਤਪਾਲ ਸਿੰਘ ਦੀ ਦਾਦੀ ਚਰਨ ਕੌਰ ਦਾ ਹੋਇਆ ਅੰਤਿਮ ਸੰਸਕਾਰ, ਨਮ ਅੱਖਾਂ ਨਾਲ ਦਿੱਤੀ ਵਿਦਾਈ



ਅੰਮ੍ਰਿਤਪਾਲ ਸਿੰਘ ਦੀ ਦਾਦੀ ਚਰਨ ਕੌਰ ਦਾ ਹੋਇਆ ਅੰਤਿਮ ਸੰਸਕਾਰ, ਨਮ ਅੱਖਾਂ ਨਾਲ ਦਿੱਤੀ ਵਿਦਾਈ

Saturday, Nov 21, 2026।

ਸ਼ਮਸ਼ੇਰ ਸਿੰਘ ਮਰਾੜ,- ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਦਾਦੀ ਚਰਨ ਕੌਰ ਜੀ ਦਾ ਅੰਤਿਮ ਸੰਸਕਾਰ ਅੱਜ ਉਨ੍ਹਾਂ ਦੇ ਜੱਦੀ ਪਿੰਡ ਜੱਲੂਪੁਰ ਖੈੜਾ ਵਿਖੇ ਕੀਤਾ ਗਿਆ। ਚਰਨ ਕੌਰ ਜੀ ਦੇ ਅੰਤਿਮ ਸੰਸਕਾਰ 'ਤੇ ਵੱਡੀ ਗਿਣਤੀ 'ਚ ਸੰਗਤ, ਪਰਿਵਾਰਕ ਮੈਂਬਰ ਅਤੇ ਇਲਾਕਾ ਨਿਵਾਸੀ ਪਹੁੰਚੇ। ਇਸ ਮੌਕੇ ਮਾਹੌਲ ਗਮਗੀਨ ਰਿਹਾ ਅਤੇ ਸੰਗਤਾਂ ਨੇ ਨਮ ਅੱਖਾਂ ਨਾਲ ਮਾਤਾ ਜੀ ਨੂੰ ਅੰਤਿਮ ਵਿਦਾਈ ਦਿੱਤੀ।

ਜਾਣਕਾਰੀ ਅਨੁਸਾਰ ਦੁਪਹਿਰ 12 ਵਜੇ ਦੇ ਕਰੀਬ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਆਪਣੇ ਜੱਦੀ ਪਿੰਡ ਜੱਲੂਪੁਰ ਖੈੜਾ ਵਿਖੇ ਪਹੁੰਚੇ। ਉਨ੍ਹਾਂ ਦੇ ਪਹੁੰਚਣ 'ਤੇ ਅੰਤਿਮ ਅਰਦਾਸ ਉਪਰੰਤ ਸੰਸਕਾਰ ਦੀ ਰਸਮ ਅਦਾ ਕੀਤੀ ਗਈ। ਇਸ ਦੌਰਾਨ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਵੱਲੋਂ ਮਾਤਾ ਚਰਨ ਕੌਰ ਨੂੰ ਮੁੱਖ ਅਗਨੀ ਦਿੱਤੀ ਗਈ। ਅੰਤਿਮ ਸੰਸਕਾਰ ਤੋਂ ਬਾਅਦ ਅੰਮ੍ਰਿਤਪਾਲ ਨੂੰ ਡਿੱਬਰੂਗੜ੍ਹ ਜੇਲ੍ਹ ਵਾਪਸ ਲਿਜਾਇਆ ਗਿਆ।

ਦੱਸ ਦੇਈਏ ਕਿ ਅੰਮ੍ਰਿਤਪਾਲ ਦੇ ਆਉਣ ਤੋਂ ਪਹਿਲਾਂ ਪਿੰਡ 'ਚ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਐੱਸ. ਐੱਸ. ਪੀ. ਅੰਮ੍ਰਿਤਸਰ ਦਿਹਾਤੀ ਵੱਲੋਂ ਖੁਦ ਪਿੰਡ ਜੱਲੂਪੁਰ ਖੈੜਾ ਪੁੱਜ ਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ ਅਤੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ। ਐੱਸ. ਐੱਸ. ਪੀ. ਨੇ ਦੱਸਿਆ ਕਿ ਸਮਾਗਮ ਨੂੰ ਮੱਦੇਨਜ਼ਰ ਰੱਖਦਿਆਂ ਪਿੰਡ 'ਚ ਭਾਰੀ ਪੁਲਸ ਬਲ ਤਾਇਨਾਤ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹੀਲੇ ਕਾਇਮ ਰੱਖਿਆ ਜਾਵੇਗਾ ਅਤੇ ਕਿਸੇ ਨੂੰ ਵੀ ਕਾਨੂੰਨ ਹੱਥ 'ਚ ਨਹੀਂ ਲੈਣ ਦਿੱਤਾ ਜਾਵੇਗਾ। ਅੰਤਿਮ ਸੰਸਕਾਰ ਸ਼ਾਂਤਮਈ ਢੰਗ ਨਾਲ ਸੰਪੂਰਨ ਹੋ ਗਿਆ

— Shamsher Singh

INTERNATIONAL

ਹੁਣ ਯੂਰਪ ''ਚੋਂ ਵੀ ਜਹਾਜ਼ ਭਰ-ਭਰ ਡਿਪੋਰਟ ਕੀਤੇ ਜਾਣਗੇ ਪ੍ਰਵਾਸੀ ! 5 ਦੇਸ਼ਾਂ ਨੇ ਰਵਾਂਡਾ ਸਮਝੌਤੇ ਦਾ ਕੀਤਾ ਐਲਾਨ



ਹੁਣ ਯੂਰਪ "ਚੋਂ ਵੀ ਜਹਾਜ਼ ਭਰ-ਭਰ ਡਿਪੋਰਟ ਕੀਤੇ ਜਾਣਗੇ ਪ੍ਰਵਾਸੀ ! 5 ਦੇਸ਼ਾਂ ਨੇ ਰਵਾਂਡਾ ਸਮਝੌਤੇ ਦਾ ਕੀਤਾ ਐਲਾਨ

Saturday, Nov 21, 2026।

ਇੰਟਰਨੈਸ਼ਨਲ ਡੈਸਕ- ਇਕ ਪਾਸੇ ਅਮਰੀਕਾ-ਕੈਨੇਡਾ ਨੇ ਪ੍ਰਵਾਸੀਆਂ ਖ਼ਿਲਾਫ਼ ਆਪਣੀਆਂ ਨੀਤੀਆਂ 'ਚ ਸਖ਼ਤੀ ਕੀਤੀ ਹੋਈ ਹੈ, ਉੱਥੇ ਹੀ ਯੂਰਪ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਯੂਰਪੀ ਯੂਨੀਅਨ ਦੇ ਪੰਜ ਪ੍ਰਮੁੱਖ ਮੈਂਬਰ ਦੇਸ਼ਾਂ- ਡੈਨਮਾਰਕ, ਆਸਟ੍ਰੀਆ, ਜਰਮਨੀ, ਨੀਦਰਲੈਂਡ ਅਤੇ ਗ੍ਰੀਸ ਨੇ ਇਸ ਹਫ਼ਤੇ ਅਫ਼ਰੀਕੀ ਦੇਸ਼ ਰਵਾਂਡਾ ਨਾਲ ਇੱਕ ਵਿਵਾਦਤ ਸਮਝੌਤੇ ਦਾ ਐਲਾਨ ਕੀਤਾ ਹੈ। ਜਿਸ ਸਮਝੌਤੇ ਤਹਿਤ ਅਸਾਈਲਮ ਦੀਆਂ ਅਰਜ਼ੀਆਂ ਰੱਦ ਹੋਣ ਵਾਲੇ ਪ੍ਰਵਾਸੀਆਂ ਨੂੰ ਰਵਾਂਡਾ ਭੇਜਿਆ ਜਾਵੇਗਾ। ਇਸ ਯੋਜਨਾ ਦੀ ਸ਼ੁਰੂਆਤ ਸਾਲ 2027 ਵਿੱਚ ਕੀਤੀ ਜਾਵੇਗੀ, ਜਿਸ ਦੇ ਪਹਿਲੇ ਪੜਾਅ ਵਿੱਚ ਲਗਭਗ 100 ਇਕੱਲੇ ਪੁਰਸ਼ ਪ੍ਰਵਾਸੀਆਂ, ਜਿਨ੍ਹਾਂ ਨੂੰ ਸਿੱਧੇ ਤੌਰ 'ਤੇ ਉਨ੍ਹਾਂ ਦੇ ਮੂਲ ਦੇਸ਼ਾਂ 'ਚ ਵਾਪਸ ਨਹੀਂ ਭੇਜਿਆ ਜਾ ਸਕਦਾ, ਨੂੰ ਰਵਾਂਡਾ 'ਚ ਬਣਾਏ ਜਾਣ ਵਾਲੇ 'ਰਿਟਰਨ ਹੱਬ' 'ਚ ਭੇਜਿਆ ਜਾਵੇਗਾ।

ਇਹ ਸਮਝੌਤਾ ਪਿਛਲੇ ਮਹੀਨੇ ਲਾਗੂ ਹੋਏ ਯੂਰਪੀ ਯੂਨੀਅਨ ਦੇ ਨਵੇਂ 'ਰਿਟਰਨ ਰੈਗੂਲੇਸ਼ਨ' ਦੇ ਆਧਾਰ 'ਤੇ ਕੀਤਾ ਗਿਆ ਹੈ। ਇਹ ਪਹਿਲੀ ਵਾਰ ਹੈ ਜਦੋਂ ਯੂਰਪੀ ਯੂਨੀਅਨ ਦੇ ਮੈਂਬਰ ਦੇਸ਼ਾਂ ਨੇ ਗ਼ੈਰ-ਕਾਨੂੰਨੀ ਪ੍ਰਵਾਸੀਆਂ ਨੂੰ ਕਿਸੇ ਤੀਜੇ ਦੇਸ਼ ਦੇ 'ਰਿਟਰਨ ਹੱਬ' ਵਿੱਚ ਭੇਜਣ ਲਈ ਇਸ ਸਿਸਟਮ ਦੀ ਵਰਤੋਂ ਕੀਤੀ ਹੈ। ਹਾਲਾਂਕਿ, ਇਸ ਕਾਨੂੰਨ ਦਾ ਆਰਟੀਕਲ 14 ਸਪੱਸ਼ਟ ਕਰਦਾ ਹੈ ਕਿ ਪ੍ਰਵਾਸੀਆਂ ਨੂੰ ਡਿਪੋਰਟ ਕਰਨ ਦੇ ਸਮਝੌਤੇ ਸਿਰਫ਼ ਉਨ੍ਹਾਂ ਦੇਸ਼ਾਂ ਨਾਲ ਹੀ ਕੀਤੇ ਜਾ ਸਕਦੇ ਹਨ ਜੋ ਮਨੁੱਖੀ ਅਧਿਕਾਰਾਂ ਦਾ ਸਤਿਕਾਰ ਕਰਦੇ ਹਨ, ਜਿਸ ਕਾਰਨ ਰਵਾਂਡਾ ਦੇ ਰਿਕਾਰਡ 'ਤੇ ਗੰਭੀਰ ਸਵਾਲ ਉੱਠ ਰਹੇ ਹਨ।

— Shamsher Singh

ਡਿਪਟੀ ਕਮਿਸ਼ਨਰ ਵੱਲੋਂ ਐੱਸ.ਡੀ.ਐੱਮ ਕੰਪਲੈਕਸ ਤਰਨ ਤਾਰਨ ਦਾ ਦੌਰਾ -ਵੱਖ-ਵੱਖ ਦਫਤਰਾਂ ਅਤੇ ਸੇਵਾ ਕੇਂਦਰ ਦੇ ਕੰਮ ਦਾ ਕੀਤਾ ਨਿਰੀਖਣ



ਤਰਨ ਤਾਰਨ, 21 ਨਵੰਬਰ (ਪ੍ਰਕਾਸ਼ ਸਿੰਘ)

ਡਿਪਟੀ ਕਮਿਸ਼ਨਰ ਡਾ. ਨਿਰਮਲ ਓਸੇਪਚਨ ਵੱਲੋਂ ਬੀਤੇ ਦਿਨ ਐੱਸ.ਡੀ.ਐੱਮ ਕੰਪਲੈਕਸ, ਤਰਨ ਤਾਰਨ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਐੱਸ.ਡੀ.ਐੱਮ ਤਰਨ ਤਾਰਨ ਅਮਨਪ੍ਰੀਤ ਸਿੰਘ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਸੇਵਾ ਕੇਂਦਰ ਦਾ ਜਾਇਜ਼ਾ ਲਿਆ ਅਤੇ ਉਥੇ ਕੰਮ ਕਰਵਾਉਣ ਆਏ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਦੀਆਂ ਇਨ੍ਹਾਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਦੇ ਨਿਰਦੇਸ਼ ਵੀ ਦਿੱਤੇ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਐੱਸ.ਡੀ.ਐੱਮ ਦਫ਼ਤਰ, ਤਹਿਸੀਲ ਦਫ਼ਤਰ ਅਤੇ ਰੈਂਡ ਕਰਾਸ ਦਫ਼ਤਰ ਦੇ ਕੰਮਕਾਜ ਦਾ ਨਿਰੀਖਣ ਵੀ ਕੀਤਾ ਅਤੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਹਦਾਇਤ ਕੀਤੀ ਕਿ ਦਫ਼ਤਰਾਂ ਵਿੱਚ ਕੰਮ ਕਰਵਾਉਣ ਆਏ ਲੋਕਾਂ ਨੂੰ ਸਮਾਂਬੱਧ ਅਤੇ ਪਾਰਦਰਸ਼ੀ ਸੇਵਾਵਾਂ ਮੁਹੱਈਆ ਕਰਵਾਉਣੀਆਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਕਿਹਾ ਕਿ ਤਰਨ ਤਾਰਨ ਵਾਸੀਆਂ ਦਫ਼ਤਰਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

— Parkash singh

SARKARI YOJANA

DA ''ਚ ਹੋ ਗਿਆ 7 ਫ਼ੀਸਦੀ ਦਾ ਵਾਧਾ ! ਸੈਣੀ ਸਰਕਾਰ ਨੇ ਕੀਤਾ ਐਲਾਨ



DA "ਚ ਹੋ ਗਿਆ 7 ਫ਼ੀਸਦੀ ਦਾ ਵਾਧਾ ! ਸੈਣੀ ਸਰਕਾਰ ਨੇ ਕੀਤਾ ਐਲਾਨ

Saturday, Nov 21, 2026 ।

ਚੰਡੀਗੜ੍ਹ- 6ਵੇਂ ਤਨਖਾਹ ਕਮਿਸ਼ਨ ਅਧੀਨ ਤਨਖਾਹ ਪ੍ਰਾਪਤ ਕਰਨ ਵਾਲੇ ਰਾਜ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਮਹੱਤਵਪੂਰਨ ਵਿੱਤੀ ਰਾਹਤ ਪ੍ਰਦਾਨ ਕੀਤੀ ਹੈ। ਹਰਿਆਣਾ ਸਰਕਾਰ ਨੇ ਮਹਿੰਗਾਈ ਭੱਤੇ (ਡੀਏ) 'ਚ 7 ਫੀਸਦੀ ਵਾਧਾ ਕਰਨ ਦਾ ਫੈਸਲਾ ਕੀਤਾ ਹੈ। ਇਸ ਫੈਸਲੇ ਨਾਲ, ਇਨ੍ਹਾਂ ਕਰਮਚਾਰੀਆਂ ਦਾ ਮਹਿੰਗਾਈ ਭੱਤਾ (ਡੀਏ) ਹੁਣ 262 ਫੀਸਦੀ ਤੋਂ ਵੱਧ ਕੇ 269 ਫੀਸਦੀ ਹੋ ਗਿਆ ਹੈ। ਵਧਿਆ ਹੋਇਆ ਮਹਿੰਗਾਈ ਭੱਤਾ 1 ਜੁਲਾਈ, 2026 ਤੋਂ ਲਾਗੂ ਮੰਨਿਆ ਜਾਵੇਗਾ।

ਵਿੱਤ ਵਿਭਾਗ ਵਲੋਂ ਜਾਰੀ ਇਕ ਅਧਿਕਾਰਤ ਆਦੇਸ਼ ਦੇ ਅਨੁਸਾਰ, ਕਰਮਚਾਰੀਆਂ ਨੂੰ ਵਧੇ ਹੋਏ ਮਹਿੰਗਾਈ ਭੱਤੇ ਦਾ ਨਕਦ ਭੁਗਤਾਨ ਨਵੰਬਰ 2026 ਦੀ ਤਨਖਾਹ ਨਾਲ ਕੀਤਾ ਜਾਵੇਗਾ। ਉੱਥੇ ਹੀ ਜੁਲਾਈ ਤੋਂ ਅਕਤੂਬਰ 2026 ਤੱਕ 4 ਮਹੀਨਿਆਂ ਲਈ ਬਕਾਇਆ ਏਰੀਅਰ ਜਨਵਰੀ 2027 'ਚ ਦਿੱਤਾ ਜਾਵੇਗਾ।

ਸਰਕਾਰ ਨੇ ਆਦੇਸ਼ 'ਚ ਇਹ ਵੀ ਸਪੱਸ਼ਟ ਕੀਤਾ ਹੈ ਕਿ ਮਹਿੰਗਾਈ ਭੱਤੇ ਦੀ ਗਣਨਾ ਕਰਦੇ ਸਮੇਂ ਜੇਕਰ 50 ਪੈਸੇ ਜਾਂ ਇਸ ਤੋਂ ਵੱਧ ਦਾ ਅੰਸ਼ ਆਉਂਦਾ ਹੈ ਤਾਂ ਉਸ ਨੂੰ ਅਗਲੇ ਪੂਰੇ ਰੁਪਏ 'ਚ ਗਿਣਿਆ ਜਾਵੇਗਾ। ਇਸ ਦੇ ਉਲਟ, 50 ਪੈਸੇ ਤੋਂ ਘੱਟ ਅੰਸ਼ਾਂ ਨੂੰ ਨਜ਼ਰਅੰਦਾਜ਼ ਕੀਤਾ ਜਾਵੇਗਾ। ਵਿੱਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸੁਧੀਰ ਰਾਜਪਾਲ ਵੱਲੋਂ ਜਾਰੀ ਹਦਾਇਤਾਂ 'ਚ, ਸਾਰੇ ਸਬੰਧਤ ਵਿਭਾਗਾਂ ਨੂੰ ਕਰਮਚਾਰੀਆਂ ਦੀਆਂ ਤਨਖਾਹਾਂ ਅਤੇ ਪੈਨਸ਼ਨਾਂ 'ਚ ਸੋਧ ਲਈ ਜ਼ਰੂਰੀ ਕਾਰਵਾਈ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।

— Shamsher Singh

LOCAL

ਅੰਮ੍ਰਿਤਪਾਲ ਸਿੰਘ ਪਹੁੰਚੇ ਦਾਦੀ ਦੇ ਅੰਤਿਮ ਸੰਸਕਾਰ 'ਤੇ



ਅੰਮ੍ਰਿਤਪਾਲ ਸਿੰਘ ਨੇ ਆਪਣੇ ਦਾਦੀ ਦੇ ਅੰਤਿਮ ਸੰਸਕਾਰ ਲਈ ਸਮੇਂ 'ਤੇ ਪਹੁੰਚੇ।

ਉਹ ਰਸਮ-ਰਿਵਾਜਾਂ ਵਿੱਚ ਹਿੱਸਾ ਲੈ ਕੇ ਦਾਦੀ ਦੀ ਯਾਦ ਨੂੰ ਸਨਮਾਨ ਦਿੱਤਾ।

ਸਮਾਰੋਹ ਦੌਰਾਨ ਉਨ੍ਹਾਂ ਨੇ ਦੁਖ ਅਤੇ ਸ਼ੋਕ ਪ੍ਰਗਟ ਕੀਤਾ, ਪਰ ਪਰਿਵਾਰ ਨੂੰ ਸਹਾਰਾ ਦਿੱਤਾ।

— Husain Ali, Patiala

POLITICS

ਸੁਖਜਿੰਦਰ ਰੰਧਾਵਾ ਨੂੰ ਧਮਕੀ ਮਿਲਣ ''ਤੇ ਕੈਪਟਨ ਅਮਰਿੰਦਰ ਸਿੰਘ ਦਾ ਵੱਡਾ ਬਿਆਨ



ਸੁਖਜਿੰਦਰ ਰੰਧਾਵਾ ਨੂੰ ਧਮਕੀ ਮਿਲਣ "ਤੇ ਕੈਪਟਨ ਅਮਰਿੰਦਰ ਸਿੰਘ ਦਾ ਵੱਡਾ ਬਿਆਨ

Saturday, Nov 21, 2026 ।

ਜਲੰਧਰ (ssm)-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਆਗੂ ਕੈਪਟਨ ਅਮਰਿੰਦਰ ਸਿੰਘ ਨੇ ਗੈਂਗਸਟਰ ਜੱਗੂ ਭਗਵਾਨਪੁਰੀਆ ਅਤੇ ਉਸ ਦੀ ਪਤਨੀ ਵੱਲੋਂ ਸਾਬਕਾ ਉੱਪ-ਮੁੱਖ ਮੰਤਰੀ ਅਤੇ ਕਾਂਗਰਸ ਦੇ ਸੀਨੀਅਰ ਆਗੂ ਸੁਖਜਿੰਦਰ ਸਿੰਘ ਰੰਧਾਵਾ ਨੂੰ ਚੋਣ ਲੜਨ 'ਤੇ ਗੋਲ਼ੀ ਮਾਰਨ ਦੀ ਧਮਕੀ ਦੇਣ ਦੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ 'ਚ ਹਿੰਸਾ, ਧਮਕੀਆਂ ਅਤੇ ਡਰਾਉਣ-ਧਮਕਾਉਣ ਦੀ ਸਿਆਸਤ ਲਈ ਕੋਈ ਥਾਂ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਲੋਕਤੰਤਰੀ ਵਿਵਸਥਾ ਅਤੇ ਕਾਨੂੰਨ ਦੇ ਰਾਜ ਨੂੰ ਵੀ ਸਿੱਧੀ ਚੁਣੌਤੀ ਹੈ।

ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਨੂੰ ਧਮਕੀ ਦੇਣ ਵਾਲਿਆਂ ਦੀ ਪਛਾਣ ਕਰ ਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਕੁਝ ਦਿਨ ਪਹਿਲਾਂ ਹੋਈ ਮੁਲਾਕਾਤ ਦੌਰਾਨ ਉਨ੍ਹਾਂ ਅਕਾਲੀ ਦਲ ਅਤੇ ਭਾਜਪਾ ਵਿਚਾਲੇ ਚੋਣ ਗੱਠਜੋੜ ਨੂੰ ਲੈ ਕੇ ਕੋਈ ਗੱਲਬਾਤ ਨਹੀਂ ਕੀਤੀ ਸੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਵੀ ਉਨ੍ਹਾਂ ਦੀ ਕੋਈ ਗੱਲਬਾਤ ਨਹੀਂ ਹੋਈ ਹੈ। ਉਨ੍ਹਾਂ ਕਿਹਾ ਕਿ ਜੇਕਰ ਭਾਜਪਾ ਨੇ ਲੰਬੇ ਸਮੇਂ ਲਈ ਆਪਣੀ ਚੋਣ ਜ਼ਮੀਨ ਤਿਆਰ ਕਰਨੀ ਹੈ ਤਾਂ ਉਹ ਇਕੱਲੇ ਲੜ ਸਕਦੀ ਹੈ ਪਰ ਜੇਕਰ ਪੰਜਾਬ 'ਚ ਸਰਕਾਰ ਬਣਾਉਣੀ ਹੈ ਤਾਂ ਅਕਾਲੀ ਦਲ ਨਾਲ ਹੱਥ ਮਿਲਾਉਣਾ ਪਵੇਗਾ।

— Shamsher Singh

ਪਟਿਆਲਾ 'ਚ ਪੁਲ ਡਿੱਗਣ ਦੇ ਮਾਮਲੇ 'ਤੇ DC ਦੇ ਸਖ਼ਤ ਹੁਕਮ, RTO ਨੂੰ ਰੋਜ਼ਾਨਾ ਰਿਪੋਰਟ ਦੇਣ ਦੇ ਨਿਰਦੇਸ਼



ਪਟਿਆਲਾ 'ਚ ਪੁਲ ਡਿੱਗਣ ਦੇ ਮਾਮਲੇ 'ਤੇ DC ਦੇ ਸਖ਼ਤ ਹੁਕਮ, RTO ਨੂੰ ਰੋਜ਼ਾਨਾ ਰਿਪੋਰਟ ਦੇਣ ਦੇ ਨਿਰਦੇਸ਼

Saturday, Nov 21, 2026।

ਪਟਿਆਲਾ, ਸਨੌਰ, need24) : ਇੱਥੇ ਪਿੰਡ ਪਸਿਆਣਾ ਵਿਖੇ ਭਾਖੜਾ 'ਤੇ ਢਹਿ ਗਏ ਪੁਲ ਦਾ ਡੀ. ਸੀ. ਹਿਮਾਂਸ਼ੂ ਜੈਨ ਵਲੋਂ ਐੱਨ. ਐੱਚ. ਏ. ਆਈ. ਅਤੇ ਜਲ ਸਰੋਤ ਵਿਭਾਗ ਨੂੰ ਪੂਰਾ ਰਿਕਾਰਡ ਰੱਖਣ ਦਾ ਹੁਕਮ ਦਿੱਤਾ ਗਿਆ ਹੈ। ਜਾਣਕਾਰੀ ਅਨੁਸਾਰ ਉਪਰੋਕਤ ਡਿੱਗੇ ਪੁੱਲ ਦੇ ਕਾਰਨਾਂ ਦੀ ਜਾਂਚ ਡਿਪਟੀ ਕਮਿਸ਼ਨਰ ਪਟਿਆਲਾ ਵਲੋਂ ਦਿੱਤੇ ਗਏ ਇਕ ਹੁਕਮ ਅਨੁਸਾਰ ਮਾਹਿਰਾਂ ਦੀ ਟੀਮ ਵਲੋਂ ਕਰਵਾਈ ਜਾਵੇਗੀ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਉਕਤ ਸਮੁੱਚੇ ਮਾਮਲੇ ਦੀ ਜਾਂਚ ਕਰਨ ਲਈ ਮਾਹਿਰਾਂ ਦੀ ਇਕ ਟੀਮ ਦਾ ਗਠਨ ਕਰਨ ਦਾ ਫ਼ੈਸਲਾ ਵੀ ਕੀਤਾ ਗਿਆ ਹੈ।

ਪਿੰਡ ਪਸਿਆਣਾ ਨੇੜੇ ਡਿੱਗੇ ਪੁੱਲ ਦਾ ਜਾਂਚ ਕਰਨ ਵਾਲੀ ਮਾਹਿਰਾਂ ਦੀ ਕਮੇਟੀ ਨੂੰ ਜਿੱਥੇ ਪੁਲ ਸਬੰਧੀ ਸਮੁੱਚੇ ਰਿਕਾਰਡ ਮੁਹੱਈਆ ਕਰਵਾਏ ਜਾਣੇ ਚਾਹੀਦੇ ਹਨ, ਉੱਥੇ ਹੀ ਡੀ. ਸੀ. ਵਲੋਂ ਰੀਜ਼ਨਲ ਟਰਾਂਸਪੋਰਟ ਅਧਿਕਾਰੀ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਸਮੁੱਚੇ ਜ਼ਿਲ੍ਹੇ 'ਚ ਓਵਰਲਡ ਵਾਹਨਾਂ ਦੀ ਜਾਂਚ ਕਰਨ ਅਤੇ ਕੀਤੀ ਗਈ ਕਾਰਵਾਈ ਸਬੰਧੀ ਰਿਪੋਰਟ ਰੋਜ਼ਾਨਾ ਦੇਣ।

ਐੱਸ. ਐੱਸ. ਪੀ. ਨੂੰ ਹਦਾਇਤਾਂ

ਪਟਿਆਲਾ ਦੇ ਡਿਪਟੀ ਕਮਿਸ਼ਨਰ ਵਲੋਂ ਵੱਖ-ਵੱਖ ਵਿਭਾਗਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹਨ। ਇਸ ਦੇ ਚੱਲਦਿਆਂ ਪਟਿਆਲਾ ਦੇ ਸੀਨੀਅਰ ਪੁਲਸ ਕਪਤਾਨ (ਐੱਸ. ਐੱਸ. ਪੀ.) ਮੌਕੇ `ਤੇ ਬੈਰੀਕੇਡ ਲਗਾਉਣਗੇ ਤਾਂ ਜੋ ਉੱਥੇ ਆਵਾਜਾਈ ਨੂੰ ਸੀਮਤ ਕੀਤਾ ਜਾ ਸਕੇ, ਇਸ ਦੇ ਨਾਲ ਹੀ ਪਟਿਆਲਾ ਦੇ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਸੜਕਾਂ ਬੰਦ ਹੋਣ ਅਤੇ ਆਵਾਜਾਈ ਦੇ ਬਦਲਵੇਂ ਰਸਤਿਆਂ ਬਾਰੇ ਲੋਕਾਂ ਲਈ ਇੱਕ ਸਲਾਹਕਾਰ ਨੋਟਿਸ (ਟ੍ਰੈਫਿਕ ਐਡਵਾਈਜ਼ਰੀ) ਜਾਰੀ ਕਰਨਗੇ।

ਪਟਿਆਲਾ ਦੇ ਐੱਸ. ਡੀ. ਐੱਮ. ਅਤੇ ਡੀ. ਐੱਸ. ਪੀ. (ਟ੍ਰੈਫਿਕ) ਦੇ ਸਹਿਯੋਗ ਨਾਲ ਸਾਰੇ ਨਿਰਧਾਰਤ ਸਥਾਨਾਂ `ਤੇ ਆਵਾਜਾਈ ਦੇ ਰਸਤੇ ਬਦਲਣ ਦੀ ਵਿਵਸਥਾ ਲਾਗੂ ਕਰਨਗੇ। ਐੱਨ. ਐੱਚ. ਏ. ਆਈ. ਇਨ੍ਹਾਂ ਥਾਵਾਂ 'ਤੇ ਸੰਕੇਤ-ਚਿੰਨ੍ਹ ਅਤੇ ਰੌਸ਼ਨੀ ਦਾ ਪ੍ਰਬੰਧ ਕਰੇਗੀ ਤਾਂ ਜੋ ਪਟਿਆਲਾ ਸ਼ਹਿਰ ਦੇ ਅੰਦਰ ਸਫ਼ਰ ਕਰਨ ਵਾਲਿਆਂ ਅਤੇ ਹਾਈਵੇਅ ਰਾਹੀਂ ਲੰਘਣ ਵਾਲਿਆਂ ਨੂੰ ਆਵਾਜਾਈ ਦੀ ਭੀੜ-ਭੜੱਕੇ ਦਾ ਸਾਹਮਣਾ ਨਾ ਕਰਨਾ ਪਵੇ

— Shamsher Singh

INTERNATIONAL

ਅਮਰੀਕਾ ਦੀਆਂ ਸੜਕਾਂ ''ਤੇ ਲਾਵਾਰਸਾਂ ਵਾਂਗ ਭਟਕ ਰਿਹੈ ਜਸਨੂਰ ਸਿੰਘ; ਵੀਡੀਓ ਦੇਖ ਤੜਫਿਆ ਮਾਪਿਆਂ ਦਾ ਦਿਲ



ਅਮਰੀਕਾ ਦੀਆਂ ਸੜਕਾਂ "ਤੇ ਲਾਵਾਰਸਾਂ ਵਾਂਗ ਭਟਕ ਰਿਹੈ ਜਸਨੂਰ ਸਿੰਘ; ਵੀਡੀਓ ਦੇਖ ਤੜਫਿਆ ਮਾਪਿਆਂ ਦਾ ਦਿਲ

Saturday, Nov 21, 2026 ।

ਇੰਟਰਨੈਸ਼ਨਲ ਡੈਸਕ- ਸੁਨਹਿਰੀ ਭਵਿੱਖ ਦੀ ਆਸ ਵਿੱਚ ਅਮਰੀਕਾ ਗਏ ਇੱਕ ਭਾਰਤੀ ਨੌਜਵਾਨ ਦੀ ਦਰਦਨਾਕ ਵੀਡੀਓ ਸਾਹਮਣੇ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਹਰਿਆਣਾ ਦੇ ਕੈਥਲ ਦਾ ਰਹਿਣ ਵਾਲਾ ਜਸਨੂਰ ਸਿੰਘ 3 ਸਾਲ ਪਹਿਲਾਂ ਅਮਰੀਕਾ ਗਿਆ ਸੀ। ਹਾਲਾਂਕਿ ਕੁੱਝ ਸਮੇਂ ਬਾਅਦ ਉਹ ਡਿਪ੍ਰੈਸ਼ਨ ਦਾ ਸ਼ਿਕਾਰ ਹੋ ਗਿਆ। ਉਸਦੀ ਮਾਨਸਿਕ ਹਾਲਤ ਇੰਨੀ ਖਰਾਬ ਹੋ ਚੁੱਕੀ ਹੈ ਕਿ ਉਹ ਹੁਣ ਪਾਗਲਾਂ ਵਾਂਗ ਅਮਰੀਕਾ ਦੀਆਂ ਸੜਕਾਂ 'ਤੇ ਘੁੰਮ ਰਿਹਾ ਹੈ, ਜਿਸ ਦੀਆਂ ਕੁੱਝ ਵੀਡੀਓਜ਼ ਵੀ ਜਸਨੂਰ ਦੇ ਪਰਿਵਾਰ ਨੂੰ ਉਨ੍ਹਾਂ ਦੇ ਜਾਣ-ਪਛਾਣ ਵਾਲਿਆਂ ਨੇ ਭੇਜੀਆਂ ਹਨ।

ਮਗਰੋਂ ਹੁਣ ਜਸਨੂਰ ਦੇ ਪਰਿਵਾਰ ਵੱਲੋਂ ਆਪਣੇ ਪੁੱਤਰ ਦੀ ਵਾਪਸੀ ਲਈ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਸੰਪਰਕ ਕੀਤਾ ਗਿਆ ਹੈ। ਸੰਤ ਸੀਚੇਵਾਲ ਨੇ ਪਰਿਵਾਰ ਨੂੰ ਭਰੋਸਾ ਦਿਵਾਇਆ ਹੈ ਕਿ ਉਹ ਭਾਰਤੀ ਐਂਬੈਸੀ ਅਤੇ ਅਮਰੀਕਾ ਦੀਆਂ ਸਥਾਨਕ ਸੰਸਥਾਵਾਂ ਨਾਲ ਰਾਬਤਾ ਕਾਇਮ ਕਰਕੇ ਜਸਨੂਰ ਨੂੰ ਲੱਭਣ ਅਤੇ ਵਾਪਸ ਭਾਰਤ ਲਿਆਉਣ ਦੀ ਪੂਰੀ ਕੋਸ਼ਿਸ਼ ਕਰਨਗੇ।

— Shamsher Singh

POLITICS

''ਮੈਂ ਕਿਹਾ ਸੋਨਾ ਘੱਟ ਖ਼ਰੀਦੋ, ਲੋਕਾਂ ਨੇ ਗੱਲ ਮੰਨੀ ਤੇ ਡਿੱਗ ਗਈਆਂ ਕੀਮਤਾਂ'', ਕੌਂਸ਼ਲ ਦੀਕਸ਼ਾਂਤ ਸਮਾਗਮ ''ਚ ਬੋਲੇ PM ਮੋਦੀ



"ਮੈਂ ਕਿਹਾ ਸੋਨਾ ਘੱਟ ਖ਼ਰੀਦੋ, ਲੋਕਾਂ ਨੇ ਗੱਲ ਮੰਨੀ ਤੇ ਡਿੱਗ ਗਈਆਂ ਕੀਮਤਾਂ", ਕੌਂਸ਼ਲ ਦੀਕਸ਼ਾਂਤ ਸਮਾਗਮ "ਚ ਬੋਲੇ PM ਮੋਦੀ

Saturday, Nov 21, 2026 ।

ਨੈਸ਼ਨਲ ਡੈਸਕ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉੱਤਰ ਪ੍ਰਦੇਸ਼ ਦੇ ਲਖਨਊ ਵਿੱਚ ਆਯੋਜਿਤ ਕੌਂਸ਼ਲ ਦੀਕਸ਼ਾਂਤ ਸਮਾਗਮ ਨੂੰ ਸੰਬੋਧਨ ਕਰਦਿਆਂ ਸੋਨੇ ਦੀ ਖਰੀਦ ਅਤੇ ਦੇਸ਼ ਦੇ ਹੁਨਰ ਵਿਕਾਸ ਬਾਰੇ ਅਹਿਮ ਗੱਲਾਂ ਸਾਂਝੀਆਂ ਕੀਤੀਆਂ। ਪੀਐਮ ਮੋਦੀ ਨੇ ਯਾਦ ਦਿਵਾਇਆ ਕਿ ਇੱਕ ਸਾਲ ਪਹਿਲਾਂ ਉਨ੍ਹਾਂ ਨੇ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਸੀ ਕਿ ਜੇਕਰ ਬਹੁਤ ਜ਼ਰੂਰੀ ਨਾ ਹੋਵੇ ਤਾਂ ਇੱਕ ਸਾਲ ਤੱਕ ਸੋਨਾ ਨਾ ਖਰੀਦਣ। ਦੇਸ਼ ਵਾਸੀਆਂ ਨੇ ਉਨ੍ਹਾਂ ਦੀ ਸਲਾਹ ਮੰਨਦਿਆਂ ਸੋਨੇ ਦੀ ਖਰੀਦ ਘਟਾ ਦਿੱਤੀ, ਜਿਸ ਦੇ ਨਤੀਜੇ ਵਜੋਂ ਸੋਨੇ ਦੇ ਭਾਅ ਡਿੱਗ ਗਏ ਤੇ ਲੋਕਾਂ ਦੇ ਪੈਸੇ ਦੀ ਬੱਚਤ ਹੋਈ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਆਉਣ ਵਾਲੇ ਇੱਕ ਹੋਰ ਸਾਲ ਲਈ ਵੀ ਸੋਨਾ ਨਾ ਖਰੀਦਣ ਦੀ ਅਪੀਲ ਕੀਤੀ ਹੈ।

— Shamsher Singh

WEATHER

22, 23, 24, 25 ਤੇ 26 ਨਵੰਬਰ ਨੂੰ ਪਵੇਗਾ ਭਾਰੀ ਮੀਂਹ ! IMD ਨੇ ਇਨ੍ਹਾਂ ਸੂਬਿਆਂ ਲਈ ਜਾਰੀ ਕੀਤਾ ਅਲਰਟ



IMD ਨੇ ਇਨ੍ਹਾਂ ਸੂਬਿਆਂ ਲਈ ਜਾਰੀ ਕੀਤਾ ਅਲਰਟ

Saturday, Nov 21, 2026 ।

ਨੈਸ਼ਨਲ ਡੈਸਕ- ਸਰਦੀਆਂ ਦੇ ਆਗਾਜ਼ ਦੌਰਾਨ ਭਾਰਤ ਦੇ ਸਾਰੇ ਸੂਬਿਆਂ 'ਚ ਮੌਸਮ ਦਾ ਮਿਜ਼ਾਜ ਤੇਜ਼ੀ ਨਾਲ ਬਦਲ ਰਿਹਾ ਹੈ। ਇਸੇ ਦੌਰਾਨ ਭਾਰਤੀ ਮੌਸਮ ਵਿਭਾਗ ਨੇ ਅੱਜ ਇੱਕ ਦਰਜਨ ਤੋਂ ਵੱਧ ਸੂਬਿਆਂ ਲਈ ਭਾਰੀ ਮੀਂਹ ਦਾ ਅਲਰਟ ਜਾਰੀ ਕੀਤੀ ਹੈ। IMD ਦੀ ਤਾਜ਼ਾ ਭਵਿੱਖਬਾਣੀ ਅਨੁਸਾਰ 26 ਨਵੰਬਰ ਤੱਕ ਵੱਖ-ਵੱਖ ਦੇਸ਼ ਦੇ ਕਈ ਸੂਬਿਆਂ 'ਚ ਮੀਂਹ ਪੈ ਸਕਦਾ ਹੈ।

ਮੌਸਮ ਵਿਭਾਗ ਅਨੁਸਾਰ 21 ਤੋਂ 24 ਨਵੰਬਰ ਤੱਕ ਉੱਤਰ-ਪੂਰਬੀ ਸੂਬੇ ਅਰੁਣਾਚਲ ਪ੍ਰਦੇਸ਼, ਅਸਾਮ ਅਤੇ ਮੇਘਾਲਿਆ ਦੇ ਕੁਝ ਖੇਤਰਾਂ 'ਚ ਤੇਜ਼ ਹਵਾਵਾਂ ਦੇ ਨਾਲ ਹਲਕੇ ਤੋਂ ਦਰਮਿਆਨਾ ਮੀਂਹ ਪੈਣ ਦੀ ਸੰਭਾਵਨਾ ਹੈ, ਜਦਕਿ 22 ਤੋਂ 24 ਨਵੰਬਰ ਤੱਕ ਨਾਗਾਲੈਂਡ, ਮਣੀਪੁਰ, ਮਿਜ਼ੋਰਮ ਤੇ ਤ੍ਰਿਪੁਰਾ 'ਚ ਮੀਂਹ ਪਵੇਗਾ। ਇਨ੍ਹਾਂ ਸੂਬਿਆਂ ਤੋਂ ਇਲਾਵਾ ਮੱਧ ਭਾਰਤ 'ਚ ਮੌਸਮ ਕਰਵਟ ਲੈ ਰਿਹਾ ਹੈ। ਭਾਰਤੀ ਮੌਸਮ ਵਿਭਾਗ ਨੇ ਪੂਰਬੀ ਮੱਧ ਪ੍ਰਦੇਸ਼ 'ਚ 21 ਤੋਂ 22 ਨਵੰਬਰ ਤੱਕ, ਵਿਦਰਭ ਤੇ ਛੱਤੀਸਗੜ੍ਹ 'ਚ 22 ਤੋਂ 25 ਨਵੰਬਰ ਤੱਕ ਕਈ ਇਲਾਕਿਆਂ 'ਚ ਗਰਜ-ਤੂਫ਼ਾਨ ਦੇ ਨਾਲ ਹਲਕੀ ਬਾਰਿਸ਼ ਹੋਣ ਦੀ ਭਵਿੱਖਬਾਣੀ ਕੀਤੀ ਹੈ। ਛੱਤੀਸਗੜ੍ਹ ਦੇ ਕਈ ਇਲਾਕਿਆਂ 'ਚ 21 ਤੋਂ 26 ਨਵੰਬਰ ਦੇ ਵਿਚਕਾਰ ਤੇਜ਼ ਗਰਜ-ਤੂਫ਼ਾਨ ਦੇ ਨਾਲ ਭਾਰੀ ਬਾਰਿਸ਼ ਹੋ ਸਕਦੀ ਹੈ। ਇਸ ਦੌਰਾਨ ਹਵਾ ਦੀ ਗਤੀ 50 ਤੋਂ 60 ਕਿਲੋਮੀਟਰ ਪ੍ਰਤੀ ਘੰਟਾ ਤੱਕ ਪਹੁੰਚ ਸਕਦੀ ਹੈ।

ਧੁੰਦ ਪੈਣ ਦੀ ਭਵਿੱਖਬਾਣੀ ਕੀਤੀ ਗਈ ਹੈ। ਪਹਾੜੀ ਇਲਾਕਿਆਂ 'ਚ ਹੋਈ ਬਰਫ਼ਬਾਰੀ ਤੋਂ ਬਾਅਦ ਸੂਬੇ 'ਚ ਅਚਾਨਕ ਠੰਡ ਵੱਧ ਗਈ ਹੈ ਤੇ ਸਵੇਰ-ਸ਼ਾਮ ਵੇਲੇ ਲੋਕ ਮੋਟੇ ਕੱਪੜੇ ਪਾਉਣ ਨੂੰ ਮਜਬੂਰ ਹੋਏ ਹਨ। ਇੱਥੇ ਫ਼ਿਲਹਾਲ 26 ਨਵੰਬਰ ਤਕ ਮੀਂਹ ਦੀ ਕੋਈ ਸੰਭਾਵਨਾ ਨਹੀਂ ਹੈ। ਇਸ ਤੋਂ ਇਲਾਵਾ ਕਈ ਦੱਖਣੀ ਸੂਬਿਆਂ 'ਚ ਵੀ ਮੀਂਹ ਦੀ ਭਵਿੱਖਬਾਣੀ ਕੀਤੀ ਗਈ ਹੈ। IMD ਦੀ ਇਸ ਭਵਿੱਖਬਾਣੀ ਤੋਂ ਬਾਅਦ ਦੇਸ਼ ਭਰ 'ਚ ਮੌਸਮ ਕਰਵਟ ਬਦਲੇਗਾ ਤੇ ਸਰਦੀ ਜ਼ੋਰ ਫੜ ਲਵੇਗੀ

— Shamsher Singh

TRAVEL

ਸ੍ਰੀ ਨਨਕਾਣਾ ਸਾਹਿਬ ਲਈ 1822 ਸ਼ਰਧਾਲੂਆਂ ਨੂੰ ਮਿਲੇ ਵੀਜ਼ੇ, ਕੱਲ੍ਹ ਰਵਾਨਾ ਹੋਵੇਗਾ ਜਥਾ

ਸ੍ਰੀ ਨਨਕਾਣਾ ਸਾਹਿਬ ਲਈ 1822 ਸ਼ਰਧਾਲੂਆਂ ਨੂੰ ਮਿਲੇ ਵੀਜ਼ੇ, ਕੱਲ੍ਹ ਰਵਾਨਾ ਹੋਵੇਗਾ ਜਥਾ

Saturday, Nov 21, 2026 ।

ਅੰਮ੍ਰਿਤਸਰ(need 24)- ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੇ ਜਾਣ ਵਾਲੇ ਜਥੇ ਲਈ 1822 ਸ਼ਰਧਾਲੂਆਂ ਨੂੰ ਵੀਜ਼ੇ ਪ੍ਰਾਪਤ ਹੋਏ ਹਨ। ਇਹ ਜਥਾ ਭਲਕੇ 22 ਨਵੰਬਰ ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੋਂ ਪਾਕਿਸਤਾਨ ਲਈ ਰਵਾਨਾ ਕੀਤਾ ਜਾਵੇਗਾ, ਜਿਸ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਸੇ ਦੌਰਾਨ ਅੱਜ ਸ਼ਰਧਾਲੂਆਂ ਨੇ ਆਪਣੇ ਵੀਜ਼ਾ ਲੱਗੇ ਪਾਸਪੋਰਟ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਪ੍ਰਾਪਤ ਕੀਤੇ।

ਪਾਸਪੋਰਟ ਵੰਡਣ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ 1828 ਸ਼ਰਧਾਲੂਆਂ ਦੇ ਪਾਸਪੋਰਟ ਦਿੱਲੀ ਸਥਿਤ ਪਾਕਿਸਤਾਨ ਹਾਈ ਕਮਿਸ਼ਨ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ ਸਫ਼ਾਰਤਖ਼ਾਨੇ ਨੇ 1822 ਸ਼ਰਧਾਲੂਆਂ ਨੂੰ ਵੀਜ਼ਾ ਜਾਰੀ ਕੀਤਾ ਹੈ। ਉਨ੍ਹਾਂ ਕਿਹਾ ਕਿ 6 ਸ਼ਰਧਾਲੂਆਂ ਨੂੰ ਪਾਕਿਸਤਾਨ ਦੂਤਾਵਾਸ ਵੱਲੋਂ ਵੀਜ਼ਾ ਨਹੀਂ ਦਿੱਤਾ ਗਿਆ। ਸਕੱਤਰ ਕਾਹਲਵਾਂ ਨੇ ਦੱਸਿਆ ਕਿ ਜਥੇ 'ਚ ਪਾਰਟੀ ਲੀਡਰ ਵਜੋਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਬੀਬੀ ਪਰਮਿੰਦਰ ਕੌਰ, ਜਦਕਿ ਜਥੇ ਨਾਲ ਅੰਤ੍ਰਿੰਗ ਮੈਂਬਰ ਰਵਿੰਦਰ ਸਿੰਘ ਖ਼ਾਲਸਾ, ਮੈਂਬਰ ਗੁਰਨਾਮ ਸਿੰਘ ਜੱਸਲ, ਬੀਬੀ ਗੁਰਿੰਦਰ ਕੌਰ ਭੋਲੂਵਾਲਾ ਅਤੇ ਜਨਰਲ ਪ੍ਰਬੰਧਕ ਵਜੋਂ ਲਖਬੀਰ ਸਿੰਘ ਚੀਫ਼-85 ਜਾਣਗੇ।

— Shamsher Singh

CRIME

GST ਸੁਪਰਡੈਂਟ ਦੇ ਘਰ ਪੈ ਗਈ CBI ਦੀ ਰੇਡ ! 1,86,000,00 ਕਰੋੜ ਦੇ ਗਹਿਣੇ ਤੇ ਨਕਦੀ ਜ਼ਬਤ



GST ਸੁਪਰਡੈਂਟ ਦੇ ਘਰ ਪੈ ਗਈ CBI ਦੀ ਰੇਡ ! 1,86,000,00 ਕਰੋੜ ਦੇ ਗਹਿਣੇ ਤੇ ਨਕਦੀ ਜ਼ਬਤ

Saturday, Nov 21, 2026 ।

ਨਵੀਂ ਦਿੱਲੀ (ਏਜੰਸੀ)- ਕੇਂਦਰੀ ਜਾਂਚ ਬਿਊਰੋ (ਸੀਬੀਆਈ) ਨੇ ਹਾਲ ਹੀ 'ਚ ਰਿਸ਼ਵਤਖੋਰੀ ਦੇ ਇਕ ਮਾਮਲੇ 'ਚ ਗ੍ਰਿਫ਼ਤਾਰ ਕੇਂਦਰੀ ਵਸਤੂ ਅਤੇ ਸੇਵਾ ਟੈਕਸ (ਸੀਜੀਐੱਸਟੀ) ਸੁਪਰਡੈਂਟ ਦੇ ਘਰ ਦੀ ਤਲਾਸ਼ੀ ਦੌਰਾਨ ਲਗਭਗ 1.86 ਕਰੋੜ ਰੁਪਏ ਦੀ ਨਕਦੀ, ਵਿਦੇਸ਼ੀ ਕਰੰਸੀ, ਸੋਨਾ ਅਤੇ ਚਾਂਦੀ ਜ਼ਬਤ ਕੀਤੀ ਹੈ। ਅਧਿਕਾਰੀਆਂ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਪੰਚਕੂਲਾ 'ਚ ਤਾਇਨਾਤ ਅਧਿਕਾਰੀ ਨੂੰ ਕਥਿਤ ਤੌਰ 'ਤੇ 10 ਲੱਖ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ 'ਚ ਗ੍ਰਿਫ਼ਤਾਰ ਕੀਤਾ ਗਿਆ ਸੀ।

ਸੁਪਰਡੈਂਟ ਖ਼ਿਲਾਫ਼ ਇਕ ਨਿੱਜੀ ਕੰਪਨੀ ਵਿਰੁੱਧ ਜੀਐੱਸਟੀ ਕਾਰਵਾਈ 'ਚ ਅਣਉਚਿਤ ਲਾਭ ਪਹੁੰਚਾਉਣ ਦੇ ਬਦਲੇ ਰਿਸ਼ਵਤ ਮੰਗਣ ਦੇ ਦੋਸ਼ 'ਚ ਵੀਰਵਾਰ ਨੂੰ ਐੱਫਆਈਆਰ ਦਰਜ ਕੀਤੀ ਗਈ ਸੀ। ਇਸ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ। ਸੀਬੀਆਈ ਬੁਲਾਰੇ ਨੇ ਇਕ ਬਿਆਨ 'ਚ ਕਿਹਾ,"ਦੋਸ਼ੀ ਨੂੰ 19 ਨਵੰਬਰ 2026 ਨੂੰ ਪੰਚਕੂਲਾ 'ਚ ਸ਼ਿਕਾਇਤਕਰਤਾ ਤੋਂ 10 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜਿਆ ਗਿਆ ਸੀ।"

ਤਲਾਸ਼ੀ ਦੌਰਾਨ 24.29 ਲੱਖ ਰੁਪਏ, 15.65 ਲੱਖ ਰੁਪਏ ਦੇ ਬਰਾਬਰ ਦੀ ਵਿਦੇਸ਼ੀ ਕਰੰਸੀ ਅਤੇ ਲਗਭਗ 1.46 ਕਰੋੜ ਰੁਪਏ ਦੇ ਸੋਨੇ ਅਤੇ ਚਾਂਦੀ ਦੇ ਗਹਿਣੇ ਜ਼ਬਤ ਕੀਤੇ ਗਏ। ਬਿਆਨ 'ਚ ਕਿਹਾ ਗਿਆ ਹੈ ਕਿ ਇਨ੍ਹਾਂ ਸਾਰੀਆਂ ਜ਼ਬਤ ਕੀਤੀਆਂ ਗਈਆਂ ਚੀਜ਼ਾਂ ਦੀ ਕੁੱਲ ਕੀਮਤ ਲਗਭਗ 1.86 ਕਰੋੜ ਰੁਪਏ ਹੈ।

— Shamsher Singh

SPORTS

''ਨਰਵਸ 90'' ਵਿੱਚ ਫਸੇ ਗਿੱਲ; ਧੋਨੀ ਤੋਂ ਬਾਅਦ ਅਜਿਹਾ ਕਰਨ ਵਾਲੇ ਬਣੇ ਦੂਜੇ ਭਾਰਤੀ ਕਪਤਾਨ



"ਨਰਵਸ 90" ਵਿੱਚ ਫਸੇ ਗਿੱਲ; ਧੋਨੀ ਤੋਂ ਬਾਅਦ ਅਜਿਹਾ ਕਰਨ ਵਾਲੇ ਬਣੇ ਦੂਜੇ ਭਾਰਤੀ ਕਪਤਾਨ

Saturday, Nov 21, 2026 ।

ਵੈਲਿੰਗਟਨ : ਵੈਲਿੰਗਟਨ ਵਿੱਚ ਨਿਊਜ਼ੀਲੈਂਡ ਵਿਰੁੱਧ ਟੈਸਟ ਸੈਂਕੜਾ ਲਗਾਉਣ ਦਾ ਸ਼ੁਭਮਨ ਗਿੱਲ ਦਾ ਇੰਤਜ਼ਾਰ ਇੱਕ ਵਾਰ ਫਿਰ ਨਿਰਾਸ਼ਾ ਵਿੱਚ ਬਦਲ ਗਿਆ। ਭਾਰਤੀ ਕਪਤਾਨ 98 ਦੌੜਾਂ 'ਤੇ ਆਊਟ ਹੋ ਗਏ, ਜਿਸ ਨਾਲ ਉਨ੍ਹਾਂ ਦੇ ਕਰੀਅਰ ਵਿੱਚ 'ਨਰਵਸ 90' (90 ਤੋਂ 99 ਦੇ ਵਿਚਕਾਰ ਆਊਟ ਹੋਣ) ਦਾ ਸਿਲਸਿਲਾ ਹੋਰ ਲੰਬਾ ਹੋ ਗਿਆ। ਪਹਿਲੇ ਟੈਸਟ ਦੇ ਤੀਜੇ ਦਿਨ ਗਿੱਲ ਦਾ ਆਊਟ ਹੋਣਾ ਚੌਥੀ ਵਾਰ ਸੀ, ਜਦੋਂ ਉਹ ਟੈਸਟ ਕ੍ਰਿਕਟ ਵਿੱਚ 90 ਦੌੜਾਂ ਤਾਂ ਪਾਰ ਕਰ ਗਏ, ਪਰ ਸੈਂਕੜੇ ਤੱਕ ਨਹੀਂ ਪਹੁੰਚ ਸਕੇ। ਦਿਲਚਸਪ ਗੱਲ ਇਹ ਹੈ ਕਿ ਟੈਸਟ ਇਤਿਹਾਸ ਵਿੱਚ ਨਿਊਜ਼ੀਲੈਂਡ ਵਿਰੁੱਧ 90ਵਿਆਂ ਵਿੱਚ ਆਊਟ ਹੋਣ ਵਾਲੇ ਉਹ ਕੇਵਲ ਦੂਜੇ ਭਾਰਤੀ ਕਪਤਾਨ ਬਣ ਗਏ ਹਨ।

26 ਸਾਲਾ ਗਿੱਲ ਸੈਂਕੜੇ ਵੱਲ ਮਜ਼ਬੂਤੀ ਨਾਲ ਵਧ ਰਹੇ ਸਨ। ਉਨ੍ਹਾਂ ਨੇ 146 ਗੇਂਦਾਂ ਦੀ ਆਪਣੀ ਪਾਰੀ ਵਿੱਚ 9 ਚੌਕੇ ਅਤੇ 2 ਛੱਕੇ ਲਗਾਏ, ਪਰ ਜੈਕਬ ਡਫ਼ੀ ਨੇ ਉਨ੍ਹਾਂ ਨੂੰ ਆਊਟ ਕਰ ਦਿੱਤਾ, ਜਿਸ ਨਾਲ ਉਹ ਸੈਂਕੜੇ ਤੋਂ ਮਹਿਜ਼ 2 ਦੌੜਾਂ ਦੂਰ ਰਹਿ ਗਏ। ਪਿਛਲੇ 5 ਸ

ਵਿੱਚ ਆਮ ਵਪਾਰ ਪੂਰੀ ਤਰ੍ਹਾਂ ਬੰਦ ਰਹੇਗਾ। ਇਨ੍ਹਾਂ ਵਿੱਚ ਇਕੁਇਟੀ, ਇਕੁਇਟੀ ਡੈਰੀਵੇਟਿਵਜ਼, ਅਤੇ ਪ੍ਰਤੀਭੂਤੀਆਂ ਉਧਾਰ ਅਤੇ ਉਧਾਰ (SLB) ਸ਼ਾਮਲ ਹਨ। ਪੂੰਜੀ ਬਾਜ਼ਾਰ, ਡੈਰੀਵੇਟਿਵਜ਼ ਮਾਰਕੀਟ, ਇਲੈਕਟ੍ਰਾਨਿਕ ਸੋਨੇ ਦੀਆਂ ਪ੍ਰਾਪਤੀਆਂ (EGR) ਅਤੇ ਕਰਜ਼ਾ ਬਾਜ਼ਾਰਾਂ ਵਿੱਚ ਵੀ ਵਪਾਰ ਮੁਅੱਤਲ ਕਰ ਦਿੱਤਾ ਜਾਵੇਗਾ।

ਛੁੱਟੀ ਤੋਂ ਬਾਅਦ, ਬੁੱਧਵਾਰ, 25 ਨਵੰਬਰ, 2026 ਨੂੰ NSE ਅਤੇ BSE 'ਤੇ ਆਮ ਵਪਾਰ ਮੁੜ ਸ਼ੁਰੂ ਹੋਵੇਗਾ। ਇਸ ਦਿਨ ਵਪਾਰ ਨਿਰਧਾਰਤ ਸਮੇਂ ਅਨੁਸਾਰ ਕੀਤਾ ਜਾਵੇਗਾ। ਇਸ ਤੋਂ ਇਲਾਵਾ, 28 ਅਤੇ 29 ਨਵੰਬਰ ਨੂੰ ਸ਼ਨੀਵਾਰ ਅਤੇ ਐਤਵਾਰ ਹੋਣ ਕਰਕੇ ਵਪਾਰ ਨਹੀਂ ਹੋਵੇਗਾ।

— Shamsher Singh

BUSINESS

ਸੋਨਾ 70,000 ਰੁਪਏ ਅਤੇ ਚਾਂਦੀ 2.70 ਲੱਖ ਰੁਪਏ ਹੋ ਗਏ ਸਸਤੇ, ਜਾਣੋ ਵੱਡੀ ਗਿਰਾਵਟ ਦੇ ਕੀ ਹਨ ਕਾਰਨ



ਸੋਨਾ 70,000 ਰੁਪਏ ਅਤੇ ਚਾਂਦੀ 2.70 ਲੱਖ ਰੁਪਏ ਹੋ ਗਏ ਸਸਤੇ, ਜਾਣੋ ਵੱਡੀ ਗਿਰਾਵਟ ਦੇ ਕੀ ਹਨ ਕਾਰਨ

Saturday, Nov 21, 2026।

ਨਵੀਂ ਦਿੱਲੀ : ਭਾਰਤ 'ਚ ਵਿਆਹਾਂ ਦੇ ਸੀਜ਼ਨ ਦੀ ਸ਼ੁਰੂਆਤ ਦੇ ਨਾਲ, ਸਰਾਫਾ ਅਤੇ ਵਸਤੂ ਬਾਜ਼ਾਰ ਦੋਵਾਂ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਭਾਰੀ ਗਿਰਾਵਟ ਆਈ ਹੈ। IBJA ਦੇ ਅੰਕੜਿਆਂ ਅਨੁਸਾਰ, 16 ਤੋਂ 20 ਨਵੰਬਰ ਦੇ ਵਿਚਕਾਰ, ਸੋਨਾ ਲਗਭਗ 11,000 ਰੁਪਏ ਪ੍ਰਤੀ 10 ਗ੍ਰਾਮ ਅਤੇ ਚਾਂਦੀ ਲਗਭਗ 20,000 ਰੁਪਏ ਪ੍ਰਤੀ ਕਿਲੋਗ੍ਰਾਮ ਡਿੱਗ ਗਈ। ਜਨਵਰੀ ਦੇ ਰਿਕਾਰਡ ਉੱਚ ਪੱਧਰ ਮੁਕਾਬਲੇ, ਸੋਨਾ ਲਗਭਗ70,000 ਰੁਪਏ ਅਤੇ ਚਾਂਦੀ 2.70 ਲੱਖ ਰੁਪਏ ਡਿੱਗ ਗਈ ਹੈ।

24-ਕੈਰੇਟ ਸੋਨਾ 16 ਨਵੰਬਰ ਨੂੰ 1,34,380 ਰੁਪਏ ਪ੍ਰਤੀ 10 ਗ੍ਰਾਮ ਤੋਂ ਡਿੱਗ ਕੇ 1,23,584 ਰੁਪਏ ਪ੍ਰਤੀ 10 ਗ੍ਰਾਮ ਹੋ ਗਿਆ। 22-ਕੈਰੇਟ ਸੋਨਾ 1,13,203 ਰੁਪਏ 'ਤੇ ਡਿੱਗ ਗਿਆ ਅਤੇ 18-ਕੈਰੇਟ ਸੋਨਾ 92,688 ਰੁਪਏ ਪ੍ਰਤੀ 10 ਗ੍ਰਾਮ 'ਤੇ ਡਿੱਗ ਗਿਆ।

ਚਾਂਦੀ ਦੀਆਂ ਕੀਮਤਾਂ 16 ਨਵੰਬਰ ਨੂੰ 169,280 ਰੁਪਏ ਤੋਂ ਘੱਟ ਕੇ 150,650 ਰੁਪਏ ਪ੍ਰਤੀ ਕਿਲੋਗ੍ਰਾਮ ਹੋ ਗਈਆਂ। ਵਿਸ਼ਵ ਬਾਜ਼ਾਰ ਵਿੱਚ ਵੀ ਦਬਾਅ ਦਿਖਾਈ ਦੇ ਰਿਹਾ ਹੈ, ਜਿੱਥੇ ਸੋਨਾ ਲਗਭਗ $3,799.80 ਪ੍ਰਤੀ ਔਂਸ (ਅਨੁਮਾਨਿਤ ਵਾਜਬ ਮੁੱਲ $4,484) ਅਤੇ ਚਾਂਦੀ ਲਗਭਗ $46 (ਅਨੁਮਾਨਿਤ ਵਾਜਬ ਮੁੱਲ $64) 'ਤੇ ਵਪਾਰ ਕਰ ਰਿਹਾ ਹੈ।

— Shamsher Singh

RELIGION

ਜਥੇਦਾਰ ਕੁਲਦੀਪ ਸਿੰਘ ਗੜਗੱਜ ਗੁ. ਸ੍ਰੀ ਬੇਰ ਸਾਹਿਬ ਹੋਏ ਨਤਮਸਤਕ, ਸਰਬੱਤ ਦੇ ਭਲੇ ਦੀ ਕੀਤੀ ਅਰਦਾਸ



ਜਥੇਦਾਰ ਕੁਲਦੀਪ ਸਿੰਘ ਗੜਗੱਜ ਗੁ. ਸ੍ਰੀ ਬੇਰ ਸਾਹਿਬ ਹੋਏ ਨਤਮਸਤਕ, ਸਰਬੱਤ ਦੇ ਭਲੇ ਦੀ ਕੀਤੀ ਅਰਦਾਸ

Saturday, Nov 21, 2026 ।

ਸੁਲਤਾਨਪੁਰ ਲੋਧੀ (ssm)- ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਨਗਰੀ ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਸਬੰਧੀ ਧਾਰਮਿਕ ਸਰਗਰਮੀਆਂ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਚੱਲ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਿਸ਼ੇਸ਼ ਤੌਰ 'ਤੇ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਗੁਰੂ ਚਰਨਾਂ 'ਚ ਸੀਸ ਨਿਵਾ ਕੇ ਸਰਬੱਤ ਦੇ ਭਲੇ, ਸੰਸਾਰ 'ਚ ਸੁੱਖ-ਸ਼ਾਂਤੀ ਅਤੇ ਮਨੁੱਖਤਾ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਉਨ੍ਹਾਂ ਗੁਰਦੁਆਰਾ ਸਾਹਿਬ ਵਿਖੇ ਚੱਲ ਰਹੇ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ ਅਤੇ ਆਗਾਮੀ ਪ੍ਰਕਾਸ਼ ਪੁਰਬ ਸਮਾਗਮਾਂ 'ਚ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨ ਲਈ ਸਮੂਹ ਸਿੱਖ ਸੰਗਤ ਨੂੰ ਭਾਵਪੂਰਤ ਅਪੀਲ ਕੀਤੀ।

ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਦੀ ਮਹਾਨਤਾ ਬਿਆਨ ਕਰਦੇ ਕਿਹਾ ਕਿ "ਸਤਿਗੁਰ ਨਾਨਕ ਪ੍ਰਗਟਿਆ, ਮਿਟੀ ਧੁੰਧੁ ਜਗਿ ਚਾਨਣੁ ਹੋਆ"। ਗੁਰੂ ਨਾਨਕ ਪਾਤਸ਼ਾਹ ਜੀ ਦਾ ਇਸ ਧਰਤੀ 'ਤੇ ਪ੍ਰਕਾਸ਼ ਮਨੁੱਖਤਾ ਲਈ ਉਹ ਮਹਾਨ ਵਰਦਾਨ ਸੀ, ਜਿਸ ਨੇ ਅਗਿਆਨਤਾ ਅਤੇ ਹਨ੍ਹੇਰੇ 'ਚ ਭਟਕ ਰਹੀ ਦੁਨੀਆ ਨੂੰ ਸੱਚ, ਗਿਆਨ, ਬਰਾਬਰੀ, ਸੇਵਾ ਅਤੇ ਸਰਬ ਸਾਂਝੀਵਾਲਤਾ ਦਾ ਰਾਹ ਵਿਖਾਇਆ। ਗੁਰੂ ਸਾਹਿਬ ਜੀ ਦਾ ਪ੍ਰਕਾਸ਼ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ, ਰਾਏ ਭੋਇ ਦੀ ਤਲਵੰਡੀ ਵਿਖੇ ਹੋਇਆ ਅਤੇ ਉਨ੍ਹਾਂ ਨੇ ਆਪਣੀ ਸਮੁੱਚੀ ਜੀਵਨ ਯਾਤਰਾ ਰਾਹੀਂ ਮਨੁੱਖਤਾ ਨੂੰ ਉੱਚੀ-ਸੁੱਚੀ ਜੀਵਨ ਜਾਂਚ ਬਖ਼ਸ਼ੀ।

ਜਥੇਦਾਰ ਸਾਹਿਬ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਨੂੰ ਸਮੁੱਚੇ ਖਾਲਸਾ ਪੰਥ ਵੱਲੋਂ ਪੰਥ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਹੇਠ ਬੜੀ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਮਰਿਆਦਾ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ 23 ਨਵੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ, ਜਦਕਿ 24 ਅਤੇ 25 ਨਵੰਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ। ਉਨ੍ਹਾਂ ਸਮੁੱਚੀ ਸਿੱਖ ਸੰਗਤ, ਖ਼ਾਸ ਕਰਕੇ ਪੰਜਾਬ ਅਤੇ ਦੇਸ਼-ਵਿਦੇਸ਼ ਵਿੱਚ ਵੱਸਦੇ ਗੁਰੂ ਨਾਨਕ ਨਾਮ ਲੇਵਾ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਪਵਿੱਤਰ ਸਮਾਗਮਾਂ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ। ਉਨ੍ਹਾਂ ਕਿਹਾ ਕਿ ਸੰਗਤ ਗੁਰਦੁਆਰਾ ਸ੍ਰੀ ਬੇਰ ਸਾਹਿਬ, ਗੁਰਦੁਆਰਾ ਸ੍ਰੀ ਹੱਟ ਸਾਹਿਬ ਅਤੇ ਗੁਰੂ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਹੋਰ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੇ। ਇਹ ਕੇਵਲ ਇੱਕ ਧਾਰਮਿਕ ਸਮਾਗਮ ਨਹੀਂ, ਸਗੋਂ ਗੁਰੂ ਸਾਹਿਬ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਅਤੇ ਆਪਣੀਆਂ ਅਗਲੀਆਂ ਪੀੜ੍ਹੀਆਂ ਨੂੰ ਸਿੱਖੀ ਵਿਰਸੇ ਨਾਲ ਜੋੜਨ ਦਾ ਵੀ ਸੁਨਹਿਰੀ ਮੌਕਾ ਹੈ।

— Shamsher Singh

SPORTS

ਇੰਗਲੈਂਡ ਖਿਲਾਫ਼ T20I ਸੀਰੀਜ਼ ਲਈ Team India ਦਾ ਐਲਾਨ !



ਇੰਗਲੈਂਡ ਖਿਲਾਫ਼ T20I ਸੀਰੀਜ਼ ਲਈ Team India ਦਾ ਐਲਾਨ !

Saturday, Nov 21, 2026।

ਸਪੋਰਟਸ ਡੈਸਕ: ਭਾਰਤੀ ਕ੍ਰਿਕਟ ਕੰਟਰੋਲ ਬੋਰਡ (BCCI) ਦੀ ਮਹਿਲਾ ਸਿਲੈਕਸ਼ਨ ਕਮੇਟੀ ਨੇ ਇੰਗਲੈਂਡ ਦੀ ਅੰਡਰ-19 ਮਹਿਲਾ ਟੀਮ ਖਿਲਾਫ਼ ਹੋਣ ਵਾਲੀ ਪੰਜ ਮੈਚਾਂ ਦੀ T20I ਸੀਰੀਜ਼ ਲਈ 15 ਮੈਂਬਰੀ ਭਾਰਤੀ ਅੰਡਰ-19 ਟੀਮ ਦਾ ਐਲਾਨ ਕਰ ਦਿੱਤਾ ਹੈ। ਇਸ ਸੀਰੀਜ਼ ਲਈ 18 ਸਾਲਾ ਖਿਡਾਰੀ ਭਾਵਿਕਾ ਅਹੀਰੇ ਨੂੰ ਟੀਮ ਦੀ ਕਪਤਾਨੀ ਅਤੇ ਵਿਕਟਕੀਪਿੰਗ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜਦੋਂ ਕਿ ਅਨਾਦੀ ਟਾਗੜੇ ਉਪ-ਕਪਤਾਨ ਹੋਵੇਗੀ।

ਵਰਲਡ ਕੱਪ 2027 ਲਈ ਅਹਿਮ ਤਿਆਰੀ ਇਹ ਪੰਜ ਮੈਚਾਂ ਦੀ ਸੀਰੀਜ਼ ਜਨਵਰੀ 2027 ਵਿੱਚ ਹੋਣ ਵਾਲੇ ICC U19 ਮਹਿਲਾ T20 ਵਰਲਡ ਕੱਪ ਦੀਆਂ ਤਿਆਰੀਆਂ ਦੇ ਲਿਹਾਜ਼ ਨਾਲ ਭਾਰਤੀ ਟੀਮ ਲਈ ਬਹੁਤ ਮਹੱਤਵਪੂਰਨ ਹੈ। ਇਸ ਨਾਲ ਖਿਡਾਰੀਆਂ ਦੀ ਫਾਰਮ, ਟੀਮ ਸੁਮੇਲ ਅਤੇ ਮੈਦਾਨੀ ਪ੍ਰਦਰਸ਼ਨ ਦਾ ਜਾਇਜ਼ਾ ਲੈਣ ਦਾ ਵਧੀਆ ਮੌਕਾ ਮਿਲੇਗਾ।

ਇਹ ਸੀਰੀਜ਼ 26 ਨਵੰਬਰ ਤੋਂ 6 ਦਸੰਬਰ ਤੱਕ ਵਡੋਦਰਾ ਅਤੇ ਸੂਰਤ ਵਿੱਚ ਖੇਡੀ ਜਾਵੇਗੀ।

-ਪਹਿਲਾ T20I: 26 ਨਵੰਬਰ, ਵਡੋਦਰਾ (ਸ਼ਾਮ 6:00 ਵਜੇ)

-ਦੂਜਾ T20I: 28 ਨਵੰਬਰ, ਵਡੋਦਰਾ (ਦੁਪਹਿਰ 1:00 ਵਜੇ)

-ਤੀਜਾ T20I: 1 ਦਸੰਬਰ, ਸੂਰਤ (ਸ਼ਾਮ 6:00 ਵਜੇ)

-ਚੌਥਾ T20I: 3 ਦਸੰਬਰ, ਸੂਰਤ (ਸ਼ਾਮ 6:00 ਵਜੇ)

-ਪੰਜਵਾਂ T20I: 6 ਦਸੰਬਰ, ਸੂਰਤ (ਦੁਪਹਿਰ 1:00 ਵਜੇ)

ਪੂਰੀ ਟੀਮ:

ਇਰਾ ਜਾਧਵ, ਨਿਧੀ ਮਹਿਤੋ, ਪੂਰਵਾ ਸਿਵਾਚ, ਮਹਿਕ ਨਰਵਸੇ, ਮੈਤਰੀ ਮਨੀਆਰ, ਈਸ਼ਵਰੀ ਅਵਸਾਰੇ, ਦੀਆ ਯਾਦਵ, ਸ਼੍ਰੇਆ ਐਸ ਚਵਾਨ (ਵਿਕਟਕੀਪਰ), ਸਮਾਇਰਾ ਰਾਘਵ, ਕੁਮਾਰੀ ਪਲਕ, ਉਮਾ ਕਾਸ਼ਵੀ, ਅਚਸਾ ਪਰਮਾਰ, ਅਨਾਦੀ ਟਾਗੜੇ (ਉਪ-ਕਪਤਾਨ) ਅਤੇ ਪਲਕ ਸਿੰਘ। 15 ਮੈਂਬਰੀ ਭਾਰਤੀ ਅੰਡਰ-19 ਟੀਮ ਟੀਮ ਵਿੱਚ ਸ਼੍ਰੇਆ ਐਸ ਚਵਾਨ ਨੂੰ ਦੂਜੇ ਵਿਕਟਕੀਪਰ ਵਜੋਂ ਸ਼ਾਮਲ ਕੀਤਾ ਗਿਆ ਹੈ।

— Shamsher Singh

ਅਮਿਤ ਬਾਵਾ ਸੈਣੀ ਬਣੇ ਆਲ ਇੰਡੀਆ ਕਾਂਗਰਸ ਦੇ ਕੌਮੀ ਸਕੱਤਰ



ਅਮਿਤ ਬਾਵਾ ਸੈਣੀ ਬਣੇ ਆਲ ਇੰਡੀਆ ਕਾਂਗਰਸ ਦੇ ਕੌਮੀ ਸਕੱਤਰ

ਡੇਰਾਬੱਸੀ, ਪੰਜਾਬ: ਪੰਜਾਬ ਕਾਂਗਰਸ ਦੇ ਬੁਲਾਰੇ ਅਤੇ ਡੇਰਾਬੱਸੀ ਵਿਧਾਨ ਸਭਾ ਹਲਕੇ ਤੋਂ ਪਾਰਟੀ ਦੇ ਨੁਮਾਇੰਦੇ ਅਮਿਤ ਬਾਵਾ ਸੈਣੀ ਨੂੰ ਆਲ ਇੰਡੀਆ ਕਾਂਗਰਸ ਕਮੇਟੀ (AICC) ਦਾ ਕੌਮੀ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਇਸ ਲਈ ਵੀ ਬੇਹੱਦ ਅਹਿਮ ਮੰਨੀ ਜਾ ਰਹੀ ਹੈ ਕਿਉਂਕਿ ਪੰਜਾਬ ਵਿੱਚੋਂ ਇਕਲੌਤੇ ਓ.ਬੀ.ਸੀ. (OBC) ਚਿਹਰੇ ਨੂੰ ਕਾਂਗਰਸ ਦੀ ਕੌਮੀ ਟੀਮ ਵਿੱਚ ਥਾਂ ਮਿਲੀ ਹੈ। ਬੀਤੀ ਵੀਰਵਾਰ ਦੇਰ ਰਾਤ ਕਾਂਗਰਸ ਹਾਈਕਮਾਨ ਵੱਲੋਂ 31 ਸਕੱਤਰਾਂ ਦੀ ਸੂਚੀ ਜਾਰੀ ਕੀਤੀ ਗਈ ਸੀ, ਜਿਸ ਵਿੱਚ ਅਮਿਤ ਬਾਵਾ ਸੈਣੀ ਨੂੰ ਉੱਤਰ-ਪੂਰਬੀ ਭਾਰਤ ਦੇ ਸੂਬੇ ਮਨੀਪੁਰ ਦਾ ਇੰਚਾਰਜ (ਪ੍ਰਭਾਰੀ) ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਹਲਕਾ ਡੇਰਾਬੱਸੀ ਦੇ ਕਾਂਗਰਸੀ ਆਗੂਆਂ ਅਤੇ ਅਹੁਦੇਦਾਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।

ਜ਼ਿਕਰਯੋਗ ਹੈ ਕਿ ਕਾਂਗਰਸ ਪਾਰਟੀ ਦੇ ਕੌਮੀ ਸੰਗਠਨ ਵਿੱਚ ਜਗ੍ਹਾ ਬਣਾਉਣ ਵਾਲੇ ਅਮਿਤ ਬਾਵਾ ਸੈਣੀ ਡੇਰਾਬੱਸੀ ਵਿਧਾਨ ਸਭਾ ਹਲਕੇ ਦੇ ਪਹਿਲੇ ਅਹੁਦੇਦਾਰ ਹਨ। ਉਹ ਓ.ਬੀ.ਸੀ. ਵਰਗ ਨਾਲ ਸਬੰਧ ਰੱਖਦੇ ਹਨ ਅਤੇ ਪਿਛਲੇ ਦੋ ਦਹਾਕਿਆਂ ਤੋਂ ਕਾਂਗਰਸ ਪਾਰਟੀ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ। ਸੈਣੀ ਦਾ ਪਰਿਵਾਰ ਟਕਸਾਲੀ ਕਾਂਗਰਸੀ ਹੈ ਅਤੇ ਉਨ੍ਹਾਂ ਦੇ ਪਿਤਾ ਵੀ 20 ਸਾਲਾਂ ਤੱਕ ਡੇਰਾਬੱਸੀ ਤੋਂ ਨਗਰ ਕੌਂਸਲਰ ਰਹਿ ਚੁੱਕੇ ਹਨ।

ਸਿਆਸੀ ਹਲਕਿਆਂ ਵਿੱਚ ਅਮਿਤ ਬਾਵਾ ਸੈਣੀ ਦੀ ਇਸ ਨਿਯੁਕਤੀ ਨੂੰ ਇਸ ਲਈ ਵੀ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ ਕਿਉਂਕਿ ਡੇਰਾਬੱਸੀ ਵਿਧਾਨ ਸਭਾ ਸੀਟ ਕਾਂਗਰਸ ਪਿਛਲੇ ਕਰੀਬ 35 ਸਾਲਾਂ ਤੋਂ ਜਿੱਤ ਨਹੀਂ ਸਕੀ ਹੈ। ਅਜਿਹੇ ਵਿੱਚ ਇਸ ਗੱਲ ਦੀ ਪੂਰੀ ਸੰਭਾਵਨਾ ਜਤਾਈ ਜਾ ਰਹੀ ਹੈ ਕਿ ਕਾਂਗਰਸ ਹਾਈਕਮਾਨ ਨੇ ਉਨ੍ਹਾਂ ਨੂੰ ਕੌਮੀ ਟੀਮ ਵਿੱਚ ਅਹਿਮ ਜ਼ਿੰਮੇਵਾਰੀ ਸੌਂਪ ਕੇ ਆਉਣ ਵਾਲੀਆਂ ਚੋਣਾਂ ਵਿੱਚ ਡੇਰਾਬੱਸੀ ਵਿਧਾਨ ਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਬਣਾਉਣ ਦਾ ਸੰਕੇਤ ਦਿੱਤਾ ਹੈ। ਅਮਿਤ ਬਾਵਾ ਨੂੰ ਰਾਹੁਲ ਗਾਂਧੀ ਦੀ ਟੀਮ ਦੇ ਪ੍ਰਮੁੱਖ ਨੌਜਵਾਨ ਚਿਹਰਿਆਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ।

ਇਸ ਖੁਸ਼ੀ ਦੇ ਮੌਕੇ 'ਤੇ ਜ਼ਿਲ੍ਹਾ ਕਾਂਗਰਸ ਜਨਰਲ ਸਕੱਤਰ ਵਿਕਰਮ ਰਾਣਾ, ਪ੍ਰਵੀਨ ਮਖੀਜਾ, ਬਲਦੇਵ ਸਿੰਘ ਰੁੜਕੀ, ਕਰਨੈਲ ਸਿੰਘ ਲਾਲੜੂ, ਸੌਰਭ ਧੀਮਨ, ਸਰਦਾਰਾ ਸਿੰਘ, ਲਖਵੀਰ ਸਿੰਘ, ਸੁਜਾਨ ਮੀਣਾ ਅਤੇ ਜਸਵੰਤ ਰਾਏ ਬਾਵਾ ਸਮੇਤ ਕਈ ਆਗੂ ਹਾਜ਼ਰ ਸਨ।

— Gaurav Sharma

CRIME

ਏਐਸਆਈ ਇਕਬਾਲ ਸਿੰਘ ਕਤਲ ਮਾਮਲੇ ਦਾ ਮੁੱਖ ਮੁਲਜ਼ਮ ਜ਼ੀਰਕਪੁਰ ਤੋਂ ਗ੍ਰਿਫ਼ਤਾਰ



ਏਐਸਆਈ ਇਕਬਾਲ ਸਿੰਘ ਕਤਲ ਮਾਮਲੇ ਦਾ ਮੁੱਖ ਮੁਲਜ਼ਮ ਜ਼ੀਰਕਪੁਰ ਤੋਂ ਗ੍ਰਿਫ਼ਤਾਰ

ਏਜੀਟੀਐਫ ਪੰਜਾਬ ਦੀ ਵੱਡੀ ਕਾਰਵਾਈ, ਪੁਲਿਸ ਮੁਕਾਬਲੇ ਦੌਰਾਨ ਮੁਲਜ਼ਮ ਜ਼ਖ਼ਮੀ; ਮਹਿਲਾ ਸਾਥਣ ਵੀ ਗ੍ਰਿਫ਼ਤਾਰ

ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਨੇ ਵੱਡੀ ਸਫ਼ਲਤਾ ਹਾਸਲ ਕਰਦਿਆਂ ਫਿਰੋਜ਼ਪੁਰ ਕਾਊਂਟਰ ਇੰਟੈਲੀਜੈਂਸ ਵਿੰਗ ਵਿੱਚ ਤਾਇਨਾਤ ਏਐਸਆਈ ਇਕਬਾਲ ਸਿੰਘ ਦੇ ਕਤਲ ਮਾਮਲੇ ਵਿੱਚ ਮੁੱਖ ਮੁਲਜ਼ਮ ਹਰਪ੍ਰੀਤ ਸਿੰਘ ਉਰਫ਼ ਹੈਪੀ ਬਹਿਮਣ ਨੂੰ ਜ਼ੀਰਕਪੁਰ ਤੋਂ ਗ੍ਰਿਫ਼ਤਾਰ ਕਰ ਲਿਆ ਹੈ। ਜ਼ਿਕਰਯੋਗ ਹੈ ਕਿ 11 ਅਕਤੂਬਰ 2026 ਨੂੰ ਤਰਨਤਾਰਨ ਵਿੱਚ ਏਐਸਆਈ ਇਕਬਾਲ ਸਿੰਘ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ।

ਪੰਜਾਬ ਪੁਲਿਸ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਏਜੀਟੀਐਫ ਦੀ ਟੀਮ ਨੇ ਤਕਨੀਕੀ ਅਤੇ ਮਨੁੱਖੀ ਸੂਹ ਦੇ ਆਧਾਰ 'ਤੇ ਮੁਲਜ਼ਮ ਦੀਆਂ ਗਤੀਵਿਧੀਆਂ 'ਤੇ ਲਗਾਤਾਰ ਨਜ਼ਰ ਰੱਖੀ ਹੋਈ ਸੀ। ਮੁਲਜ਼ਮ ਦੀ ਭਾਲ ਦੌਰਾਨ ਉਸ ਦੀਆਂ ਗਤੀਵਿਧੀਆਂ ਚੰਡੀਗੜ੍ਹ, ਦਿੱਲੀ ਅਤੇ ਜੈਪੁਰ (ਰਾਜਸਥਾਨ) ਵਿੱਚ ਟਰੇਸ ਕੀਤੀਆਂ ਗਈਆਂ। ਆਖ਼ਰਕਾਰ ਪੁਲਿਸ ਟੀਮ ਨੇ ਉਸ ਨੂੰ ਜ਼ੀਰਕਪੁਰ ਵਿੱਚ ਲੱਭ ਲਿਆ।

ਪੁਲਿਸ ਕਾਰਵਾਈ ਦੌਰਾਨ ਗੋਲੀਬਾਰੀ ਹੋਈ, ਜਿਸ ਵਿੱਚ ਮੁਲਜ਼ਮ ਜ਼ਖ਼ਮੀ ਹੋ ਗਿਆ। ਇਸ ਤੋਂ ਬਾਅਦ ਪੁਲਿਸ ਨੇ ਉਸ ਨੂੰ ਕਾਬੂ ਕਰ ਲਿਆ। ਇਸ ਮਾਮਲੇ ਵਿੱਚ ਉਸ ਦੀ ਇੱਕ ਮਹਿਲਾ ਸਾਥਣ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।

ਪੁਲਿਸ ਵੱਲੋਂ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਇਸ ਕਤਲ ਕਾਂਡ ਵਿੱਚ ਸ਼ਾਮਲ ਹੋਰ ਸਾਥੀਆਂ ਅਤੇ ਉਨ੍ਹਾਂ ਦੀ ਭੂਮਿਕਾ ਦਾ ਪਤਾ ਲਗਾਇਆ ਜਾ ਸਕੇ। ਪੰਜਾਬ ਪੁਲਿਸ ਨੇ ਕਿਹਾ ਹੈ ਕਿ ਸੂਬੇ ਵਿੱਚੋਂ ਗੈਂਗਸਟਰ ਨੈੱਟਵਰਕਾਂ ਦਾ ਖ਼ਾਤਮਾ ਕਰਨ, ਅਪਰਾਧੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਅਤੇ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਲਈ ਕਾਰਵਾਈ ਜਾਰੀ ਰਹੇਗੀ।

— Gaurav Sharma

ਸ੍ਰੀ ਹਰਿਮੰਦਰ ਸਾਹਿਬ ਵਿ

ਡੇਰਾ ਬਿਆਸ ਦੀ ਸੰਗਤ ਲਈ ਵੱਡੀ ਖ਼ੁਸਖ਼ਬਰੀ! ਭਲਕੇ ਹੋਵੇਗਾ ਵਿਸ਼ੇਸ਼ ਭੰਡਾਰਾ



ਡੇਰਾ ਬਿਆਸ ਦੀ ਸੰਗਤ ਲਈ ਵੱਡੀ ਖ਼ੁਸਖ਼ਬਰੀ! ਭਲਕੇ ਹੋਵੇਗਾ ਵਿਸ਼ੇਸ਼ ਭੰਡਾਰਾ

ਬਿਆਸ ’ਚ 21 ਅਤੇ 22 ਨਵੰਬਰ ਨੂੰ ਇਕ ਵਿਸ਼ੇਸ਼ ਭੰਡਾਰਾ ਕਰਵਾਇਆ ਜਾ ਰਿਹਾ ਹੈ। ਡੇਰਾ ਬਿਆਸ ਦੇ ਜ਼ੋਨਲ ਸਕੱਤਰ ਸੁਨੀਲ ਤਲਵਾੜ ਵੱਲੋਂ ਜਾਰੀ ਨੋਟੀਫਿਕੇਸ਼ਨ ਮੁਤਾਬਕ 21 ਨਵੰਬਰ (ਸ਼ਨੀਵਾਰ) ਨੂੰ ਸਵੇਰ ਦੇ ਸਤਿਸੰਗ ਤੋਂ ਬਾਅਦ ਬਾਬਾ ਜੀ ਕਾਰ ਦਰਸ਼ਨ ਦੇਣਗੇ ਅਤੇ ਪੈਰੋਕਾਰਾਂ ਨੂੰ ਪ੍ਰਸ਼ਾਦ ਵੰਡਿਆ ਜਾਵੇਗਾ। ਉਸੇ ਦਿਨ ਸ਼ਾਮ 4 ਵਜੇ ਸਵਾਲ-ਜਵਾਬ ਦਾ ਪ੍ਰੋਗਰਾਮ ਵੀ ਹੋਵੇਗਾ। ਬਾਬਾ ਗੁਰਿੰਦਰ ਸਿੰਘ ਢਿੱਲੋਂ 22 ਨਵੰਬਰ (ਐਤਵਾਰ) ਨੂੰ ਸਵੇਰੇ 9.30 ਵਜੇ ਸਤਿਸੰਗ ਕਰਨਗੇ। ਬਾਬਾ ਜੀ ਦੇ ਇਸ ਵਿਸ਼ੇਸ਼ ਸਤਿਸੰਗ ਲਈ ਡੇਰੇ ਵਿਖੇ ਵੱਡੇ ਪੱਧਰ ’ਤੇ ਤਿਆਰੀਆਂ ਸ਼ੁਰੂ ਹੋ ਗਈਆਂ ਹਨ।